# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 12-03-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਖੇਤੀਬਾੜੀ ,ਖਾਸ ਕਰਕੇ ਖੇਤੀਬਾੜੀ-ਭੋਜਨ ਪ੍ਰਣਾਲੀਆਂ ਵਿੱਚ ਔਰਤਾਂ ਦੀ ਅਗਵਾਈ ਨੂੰ ਉਤਸ਼ਾਹਿਤ ਕਰਨਾ ਮਹੱਤਵਪੂਰਨ ਏ।
- ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ, ਦੇਸ਼ ਭਰ ਵਿੱਚ ਨਿਰਵਿਘਨ ਈਂਧਣ ਸਪਲਾਈ ਬਰਕਰਾਰ ਰਹਿਣ ਦਾ ਭਰੋਸਾ ਦਿੱਤਾ - ਲੋਕਾਂ ਨੂੰ ਅਫਵਾਹਾਂ ਵੱਲ ਧਿਆਨ ਨਾ ਦੇਣ ਦੀ ਕੀਤੀ ਅਪੀਲ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਵੱਖ-ਵੱਖ ਵਿਭਾਗਾਂ ਵਿੱਚ ਭਰਤੀ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ।

- ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਫਿਰੋਜ਼ਪੁਰ ਤੀਹਰੇ ਕਤਲ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਮਲਿਆਂ ਵਿੱਚ ਮੁੱਖ ਮੁਲਜ਼ਮ ਭਗੌੜੇ ਭੁਵਨੇਸ਼ ਚੋਪੜਾ ਨੂੰ ਕੀਤਾ ਗ੍ਰਿਫ਼ਤਾਰ ।

**ਹੁਣ ਖਬਰਾਂ ਵਿਸਥਾਰ ਨਾਲ**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਖੇਤੀਬਾੜੀ ,ਖਾਸ ਕਰਕੇ ਖੇਤੀਬਾੜੀ-ਭੋਜਨ ਪ੍ਰਣਾਲੀਆਂ ਵਿੱਚ ਔਰਤਾਂ ਦੀ ਅਗਵਾਈ ਨੂੰ ਉਤਸ਼ਾਹਿਤ ਕਰਨਾ ਮਹੱਤਵਪੂਰਨ ਏ । ਰਾਸ਼ਟਰਪਤੀ ਨੇ ਅੱਜ ਨਵੀਂ ਦਿੱਲੀ ਵਿੱਚ ਖੇਤੀਬਾੜੀ-ਭੋਜਨ ਪ੍ਰਣਾਲੀਆਂ 2026 ਵਿੱਚ ਔਰਤਾਂ ਦੀ ਭੂਮਿਕਾ ਬਾਰੇ ਆਲਮੀ ਕਾਨਫਰੰਸ ਦਾ ਉਦਘਾਟਨ ਕੀਤਾ। ਇਸ ਮੌਕੇ ਬੋਲਦਿਆਂ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭਾਰਤ ਨੇ ਔਰਤਾਂ ਦੀ ਅਗਵਾਈ ਵਾਲੀ ਵਿਕਾਸ ਰਣਨੀਤੀ ਅਪਣਾਈ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਔਰਤਾਂ ਨੂੰ ਨੀਤੀ ਨਿਰਮਾਣ, ਫੈਸਲਾ ਲੈਣ ਅਤੇ ਖੇਤੀਬਾੜੀ ਖੇਤਰ ਵਿੱਚ ਲੀਡਰਸ਼ਿਪ ਅਹੁਦਿਆਂ 'ਤੇ ਸ਼ਾਮਲ ਕੀਤਾ ਜਾਣਾ ਚਾਹੀਦਾ ਏ ।

BYTE

ਰਾਸ਼ਟਰਪਤੀ ਨੇ ਕਿਹਾ ਕਿ ਖੇਤੀਬਾੜੀ ਸਮੇਤ ਹਰ ਖੇਤਰ ਵਿੱਚ ਲਿੰਗ ਸਮਾਨਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸ਼ਾਮਲ ਕਰਨ ਨਾਲ ਗ੍ਰਹਿ ਇੱਕ ਵਧੇਰੇ ਸੰਵੇਦਨਸ਼ੀਲ ਅਤੇ ਸਦਭਾਵਨਾਪੂਰਨ ਸਥਾਨ ਬਣੇਗਾ। ਇਸ ਮੌਕੇ 'ਤੇ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਔਰਤਾਂ ਦੇਸ਼ ਵਿੱਚ ਖੇਤੀਬਾੜੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਨੇ ਅਤੇ ਯੋਗਦਾਨ ਪਾਉਂਦੀਆਂ ਨੇ। ਤਿੰਨ ਦਿਨਾਂ ਕਾਨਫਰੰਸ ਵਿੱਚ ਡੂੰਘਾਈ ਨਾਲ ਤਕਨੀਕੀ ਸੈਸ਼ਨਾਂ ਦੀ ਇੱਕ ਲੜੀ ਹੋਵੇਗੀ। ਕਈ ਵਿਸ਼ੇਸ਼ ਫੋਰਮ ਵੀ ਆਯੋਜਿਤ ਕੀਤੇ ਜਾਣਗੇ, ਜਿਸ ਵਿੱਚ ਜ਼ਮੀਨੀ ਪੱਧਰ ਦੀਆਂ ਚੁਣੌਤੀਆਂ ਨੂੰ ਹੱਲ ਕਰਨ ਲਈ ਇੱਕ ਮਹਿਲਾ ਕਿਸਾਨ ਫੋਰਮ ਅਤੇ ਖੇਤੀਬਾੜੀ-ਖੁਰਾਕ ਖੇਤਰ ਵਿੱਚ ਭਵਿੱਖ ਦੇ ਨੇਤਾਵਾਂ ਨੂੰ ਜੋੜਨ ਅਤੇ ਪੈਦਾ ਕਰਨ ਲਈ ਇੱਕ ਯੁਵਾ ਫੋਰਮ ਸ਼ਾਮਲ ਏ।

---------------------------------------------------------------------

ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ ਭਰੋਸਾ ਦਿੱਤਾ ਏ ਕਿ ਦੇਸ਼ ਭਰ ਵਿੱਚ ਨਿਰਵਿਘਨ ਈਂਧਣ ਸਪਲਾਈ ਬਰਕਰਾਰ ਰਹੇਗੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕੰਪਨੀ ਨੇ ਕਿਹਾ ਕਿ

ਦੇਸ਼ ਭਰ ਵਿੱਚ ਉਸਦੇ ਪੈਟਰੋਲ ਪੰਪ ਪੂਰੀ ਤਰ੍ਹਾਂ ਕੰਮ ਕਰ ਰਹੇ ਨੇ ਅਤੇ ਪੈਟਰੋਲ, ਡੀਜ਼ਲ ਅਤੇ ਹੋਰ ਪੈਟਰੋਲੀਅਮ ਉਤਪਾਦਾਂ ਦਾ ਢੁਕਵਾਂ ਭੰਡਾਰ ਏ । ਕੰਪਨੀ ਨੇ ਇਹ ਵੀ ਕਿਹਾ ਕਿ ਈਂਧਣ  ਵੰਡ ਆਮ ਵਾਂਗ ਜਾਰੀ ਏ । ਕੰਪਨੀ ਨੇ ਗਾਹਕਾਂ ਨੂੰ ਅਪੀਲ ਕੀਤੀ ਏ ਕਿ ਉਹ ਅਫਵਾਹਾਂ ਵੱਲ ਧਿਆਨ ਨਾ ਦੇਣ ਅਤੇ ਪੈਟਰੋਲ ਪੰਪਾਂ 'ਤੇ ਬੇਲੋੜੀ ਭੀੜ ਤੋਂ ਬਚਣ। ਗਾਹਕਾਂ ਨੂੰ ਸਲਾਹ ਦਿੱਤੀ ਜਾਂਦੀ ਏ  ਕਿ ਉਹ ਸਿਰਫ਼ ਪ੍ਰਮਾਣਿਤ ਜਾਣਕਾਰੀ 'ਤੇ ਭਰੋਸਾ ਕਰਨ ਅਤੇ ਆਮ ਵਾਂਗ ਭਰਨਾ ਜਾਰੀ ਰੱਖਣ ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮਿਸ਼ਨ ਰੋਜ਼ਗਾਰ' ਪਹਿਲਕਦਮੀ ਤਹਿਤ ਅੱਜ ਵੱਖ-ਵੱਖ ਵਿਭਾਗਾਂ ਵਿੱਚ ਭਰਤੀ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ । ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਇਸ ਮੀਲ ਪੱਥਰ ਨੂੰ ਪੰਜਾਬ ਦੇ ਨੌਜਵਾਨਾਂ ਲਈ ਪਾਰਦਰਸ਼ੀ ਅਤੇ ਮੈਰਿਟ ਦੇ ਆਧਾਰ ਉੱਤੇ ਰੋਜ਼ਗਾਰ ਮੌਕੇ ਯਕੀਨੀ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੀਕ ਦੱਸਿਆ। ਉਨ੍ਹਾਂ ਕਿਹਾ ਕਿ ਅੱਜ ਜਿਨ੍ਹਾਂ

ਨੂੰ ਨਿਯੁਕਤੀ ਪੱਤਰ ਸੌਂਪੇ ਜਾ ਰਹੇ ਹਨ, ਉਨ੍ਹਾਂ ਵਿੱਚ ਬਿਜਲੀ ਵਿਭਾਗ ਵਿੱਚ 459, ਸਥਾਨਕ ਸਰਕਾਰਾਂ ਵਿਭਾਗ ਵਿੱਚ 215, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਿੱਚ 129 ਅਤੇ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਵਿੱਚ 15 ਪ੍ਰੋਫੈਸਰ ਅਤੇ ਸਹਾਇਕ ਪ੍ਰੋਫੈਸਰ ਸ਼ਾਮਲ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸਾਰੀਆਂ ਨੌਕਰੀਆਂ ਪੂਰੀ ਤਰ੍ਹਾਂ ਯੋਗਤਾ, ਪਾਰਦਰਸ਼ਤਾ ਅਤੇ ਬਿਨਾਂ ਕਿਸੇ ਸਿਫ਼ਾਰਸ਼ ਦੇ ਦਿੱਤੀਆਂ ਗਈਆਂ ਨੇ। ਉਨ੍ਹਾਂ ਕਿਹਾ ਕਿ ਭਰਤੀ ਪ੍ਰਕਿਰਿਆ ਦੀ ਨਿਰਪੱਖਤਾ ਕਾਰਨ ਕਈ ਉਮੀਦਵਾਰਾਂ ਨੇ ਵੱਖ-ਵੱਖ ਵਿਭਾਗਾਂ ਵਿੱਚ ਕਈ-ਕਈ ਨੌਕਰੀਆਂ ਪ੍ਰਾਪਤ ਕੀਤੀਆਂ ਨੇ।

---

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੋਹਾਲੀ ਵਿਖੇ ਇਨਫੋਸਿਸ ਲਿਮਿਟਡ ਦੇ ਨੀਂਹ ਪੱਥਰ ਰੱਖਣ ਬਾਰੇ ਸਮਾਗਮ ਵਿੱਚ ਸ਼ਿਰਕਤ ਕੀਤੀ। ਇਹ ਪਹਿਲਕਦਮੀ ਪੰਜਾਬ ਨੂੰ ਤਕਨਾਲੋਜੀ ਕੇਂਦਰ ਵਜੋਂ ਵਿਕਸਤ ਕਰਨ ਅਤੇ ਨੌਜਵਾਨਾਂ ਲਈ

ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਏ । ਇਸ ਮੌਕੇ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਮੁਖ ਮੰਤਰੀ ਨੇ ਕਿਹਾ

BYTE

-----------------------------------------------------------------

ਪੰਜਾਬ ਵਿਧਾਨ ਸਭਾ ਨੇ ਅੱਜ ਵੱਡੇ ਬਹੁਮਤ ਨਾਲ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਖਿਲਾਫ਼ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਦਾ ਮਾਮਲਾ ਪ੍ਰੀਵਿਲੇਜ ਕਮੇਟੀ ਨੂੰ ਸੌਂਪਣ ਲਈ ਮਤਾ ਪਾਸ ਕੀਤਾ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਗਏ ਇਸ ਮਤੇ ਵਿੱਚ ਵਿਧਾਇਕ ਦੇ ਹਾਲੀਆ ਅਪਮਾਨਜਨਕ ਬਿਆਨਾਂ ਅਤੇ ਗੈਰ-ਸੰਸਦੀ ਵਤੀਰੇ ਦਾ ਜ਼ਿਕਰ ਕੀਤਾ ਗਿਆ ਏ , ਜਿਸ ਨੂੰ ਸਦਨ ਨੇ ਆਪਣੇ ਚੁਣੇ ਹੋਏ ਮੈਂਬਰਾਂ, ਸੰਵਿਧਾਨ ਅਤੇ ਜਨਤਾ ਦਾ ਸਿੱਧਾ ਅਪਮਾਨ ਮੰਨਿਆ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅਨੁਸ਼ਾਸਨੀ ਕਾਰਵਾਈ ਦੀ ਮੰਗ ਵਿਧਾਇਕ ਸੁਖਪਾਲ ਸਿੰਘ ਖਹਿਰਾ ਵੱਲੋਂ 10 ਮਾਰਚ ਨੂੰ ਪਾਈਆਂ ਗਈਆਂ ਸੋਸ਼ਲ ਮੀਡੀਆ ਪੋਸਟਾਂ ਤੋਂ ਉੱਠੀ ਏ । ਸਦਨ ਵਿੱਚ ਮਤਾ ਪੇਸ਼ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੀ ਸ਼ਬਦਾਵਲੀ ਸੰਵਿਧਾਨਕ ਤੌਰ 'ਤੇ ਚੁਣੇ ਹੋਏ ਨੁਮਾਇੰਦਿਆਂ ਦੇ

ਮਾਣ ਨੂੰ ਠੇਸ ਪਹੁੰਚਾਉਂਦੀ ਏ  ਅਤੇ ਲੋਕਾਂ ਵੱਲੋਂ ਦਿੱਤੇ ਫਤਵੇ ਦਾ ਨਿਰਾਦਰ ਕਰਦੀ ਏ।

---------------------------------------------------------------------

ਇਸ ਦੌਰਾਨ  ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਵਿਧਾਨ ਸਭਾ ਵਿਚ ਸਰਹਦੀ ਪਿੰਡ ਝੰਗੜ ਭੈਣੀ ਅਤੇ ਪਿੰਡ ਮੁਹਾਰ ਸੋਨਾ ਦੇ ਸਕੂਲਾਂ ਵਿਚ ਲੈਕਚਰਾਰਾਂ ਦੀ ਕਮੀ ਨੂੰ ਪੂਰਾ ਕਰਨ ਦਾ ਮੁੱਦਾ ਚੁੱਕਿਆ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰ ਦੇ ਨਾਲ ਲਗਦੇ ਪਿੰਡਾਂ ਦੇ ਬਚੇ ਬਹੁਤ ਮਿਹਨਤੀ ਤੇ ਲਗਨ ਵਾਲੇ ਨੇ ਤੇ ਉਨ੍ਹਾਂ ਦੀ ਪੜ੍ਹਾਈ ਦਾ ਕਿਸੇ ਤਰ੍ਹਾ ਨਾਲ ਨੁਕਸਾਨ ਨਾ ਹੋਵੇ, ਇਸ ਲਈ ਸਕੂਲਾਂ ਵਿਚ ਲੋੜੀਂਦੇ ਸਟਾਫ ਦੀ ਭਰਤੀ ਕਰਵਾਈ ਜਾਵੇ। ਇਸਦੇ ਜਵਾਬ ਚ ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਜਲਦ ਹੀ ਲੈਕਚਰਾਰਾਂ ਦੀ ਭਰਤੀ ਕੀਤੀ ਜਾ ਰਹੀ ਏ ਜਿਸ ਨਾਲ ਸਕੂਲਾਂ ਵਿਚ ਮੁਕੰਮਲ ਸਟਾਫ ਆ ਜਾਵੇਗਾ।

---------------------------------------------------------------------

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਫਿਰੋਜ਼ਪੁਰ ਤੀਹਰੇ ਕਤਲ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਮਲਿਆਂ ਵਿੱਚ ਲੋੜੀਂਦੇ ਮੁੱਖ ਮੁਲਜ਼ਮ ਭਗੌੜੇ ਭੁਵਨੇਸ਼

ਚੋਪੜਾ ਉਰਫ਼ ਆਸ਼ੀਸ਼ ਨੂੰ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਉਸਦੀਆਂ ਅੰਤਰ-ਰਾਸ਼ਟਰੀ ਗਤੀਵਿਧੀਆਂ ਨੂੰ ਟਰੈਕ ਕਰਨ ਅਤੇ ਸੀਮਤ ਕਰਨ ਲਈ, ਇੱਕ ਰੈੱਡ ਕਾਰਨਰ ਨੋਟਿਸ ਅਤੇ ਲੁੱਕ-ਆਊਟ ਸਰਕੂਲਰ ਜਾਰੀ ਕੀਤਾ ਗਿਆ ਸੀ ।

BYTE

ਇਸ ਦੀ ਗ੍ਰਿਫ਼ਤਾਰੀ ਪੰਜਾਬ ਪੁਲਿਸ ਵੱਲੋਂ ਵਿਦੇਸ਼ਾਂ ਤੋਂ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲੇ ਵਿਦੇਸ਼ੀ ਹੈਂਡਲਰਾਂ ਅਤੇ ਭਗੌੜਿਆਂ 'ਤੇ ਲਗਾਤਾਰ ਕੀਤੀ ਜਾ ਰਹੀ ਕਾਰਵਾਈ ਦਾ ਹਿੱਸਾ ਏ । ਇਸ ਦੀ ਗ੍ਰਿਫ਼ਤਾਰੀ ਨਾਲ ਫਿਰੋਜ਼ਪੁਰ ਅਤੇ ਪੰਜਾਬ ਦੇ ਆਲੇ-ਦੁਆਲੇ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਦਾਖਲ ਹੋਣ ਵਾਲੀਆਂ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਦੇ ਲੌਜਿਸਟਿਕਸ ਨੈੱਟਵਰਕ ਨੂੰ ਵੱਡਾ ਝਟਕਾ ਲੱਗੇਗਾ । ਪੁਲਿਸ ਅਗਲੇਰੀ ਕਾਰਵਾਈ ਕਰ ਰਹੀ ਏ ।

-----------------------------------------------------------------------

ਅੱਜ ਵਿਸ਼ਵ ਗੁਰਦਾ ਦਿਵਸ ਏ । ਇਸ ਮੌਕੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਗੁਰਦਿਆਂ ਨੂੰ

ਸੇਹਤਮੰਦ ਰੱਖਣ ਅਤੇ ਗੁਰਦੇ ਨਾਲ ਸਬੰਧਤ ਬਿਮਾਰੀਆਂ ਦਾ ਜਲਦੀ ਪਤਾ ਲਗਾਉਣ ਅਤੇ ਰੋਕਥਾਮ ਬਾਰੇ ਜਾਗਰੂਕਤਾ ਵਧਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਨੱਡਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ, ਸਰਕਾਰ ਨੇ ਸਿਹਤ ਸੰਭਾਲ ਤੱਕ ਪਹੁੰਚ ਨੂੰ ਬਿਹਤਰ ਬਣਾਉਣ ਲਈ ਪ੍ਰਧਾਨ ਮੰਤਰੀ ਰਾਸ਼ਟਰੀ ਡਾਇਲਸਿਸ ਪ੍ਰੋਗਰਾਮ ਸ਼ੁਰੂ ਕੀਤਾ ਏ । ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਰਾਹੀਂ, ਦੇਸ਼ ਭਰ ਦੇ ਹਜ਼ਾਰਾਂ ਡਾਇਲਸਿਸ ਸੈਂਟਰ ਹੁਣ ਲੱਖਾਂ ਲੋਕਾਂ ਨੂੰ ਜੀਵਨ-ਰੱਖਿਅਕ ਇਲਾਜ ਪ੍ਰਦਾਨ ਕਰ ਰਹੇ ਹਨ। ਇਸ ਮੌਕੇ ਮੋਹਾਲੀ ਤੋਂ ਯੂਰੋਲੋਜਿਸਟ ਡਾ। ਬਲਦੇਵ ਸਿੰਘ ਔਲਖ ਨੇ ਦਸਿਆ ।

BYTE

----------------------------------------------------------------------------

ਬਠਿੰਡਾ ਵਿਚ "ਸਾਡੇ ਬਜੁਰਗ ਸਾਡਾ ਮਾਣ" ਮੁਹਿੰਮ ਤਹਿਤ ਅੱਜ ਸੀ.ਐਚ.ਸੀ. ਹਸਪਤਾਲ ਮਹਿਰਾਜ, ਵਿਖੇ ਮੈਡੀਕਲ ਅਤੇ ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼

ਬਜੁਰਗਾਂ ਦੀ ਸਿਹਤ ਸੰਭਾਲ ਅਤੇ ਉਨ੍ਹਾਂ ਨੂੰ ਸਰਕਾਰੀ ਸਹੂਲਤਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅਰਸ਼ਦੀਪ ਕੌਰ ਨੇ ਦੱਸਿਆ ਕਿ ਕੈਂਪ ਦੌਰਾਨ ਬਜੁਰਗਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਸੰਬੰਧੀ ਜਾਣਕਾਰੀ ਦਿੱਤੀ ਗਈ, ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜੁਰਗਾਂ ਨੂੰ ਸਨਮਾਨਯੋਗ ਅਤੇ ਸੁਰੱਖਿਅਤ ਜੀਵਨ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ ਅਤੇ ਉਨ੍ਹਾਂ ਦੀ ਭਲਾਈ ਲਈ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਕਿਸੇ ਵੀ ਬਜ਼ੁਰਗ ਨੂੰ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਸਟੇਟ ਬੈਂਕ ਆਫ ਇੰਡੀਆ ਵਲੋਂ ਬੈਂਕਿੰਗ ਸੇਵਾਵਾਂ ਵੱਲੋਂ ਵਿੱਤੀ ਧੋਖਾਧੜੀ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਬੁਢਾਪਾ ਪੈਨਸ਼ਨ, ਸੀਨੀਅਰ ਸਿਟੀਜਨ ਕਾਰਡ ਅਤੇ ਹੋਰ ਸਮਾਜਿਕ ਸੁਰੱਖਿਆ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਬਜੁਰਗਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਸਰਕਾਰੀ ਸਹਾਇਤਾ ਪ੍ਰਣਾਲੀ ਨਾਲ ਜੋੜਨ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ, ਤਾਂ ਜੋ ਉਹ

ਆਪਣੀ ਜ਼ਿੰਦਗੀ ਆਤਮਨਿਰਭਰ ਅਤੇ ਆਤਮਗੌਰਵ ਨਾਲ ਜੀ ਸਕਣ ।

---------------------------------------------------------------------

ਭਾਰਤੀ ਕ੍ਰਿਕੇਟ ਕੰਟਰੋਲ ਬੋਰਡ ਨੇ ਇੰਡੀਅਨ ਪ੍ਰੀਮੀਅਰ ਲੀਗ-IPL 2026 ਦੇ ਪਹਿਲੇ ਗੇੜ ਦੇ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਏ । ਇਹ ਗੇੜ 28 ਮਾਰਚ ਤੋਂ 12 ਅਪ੍ਰੈਲ ਤੱਕ ਖੇਡਿਆ ਜਾਵੇਗਾ। ਇਸ ਦੌਰਾਨ, ਤਿੰਨ ਰਾਜਾਂ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਨੇ, ਇਸ ਲਈ ਪੂਰੇ ਟੂਰਨਾਮੈਂਟ ਦਾ ਪ੍ਰੋਗਰਾਮ, ਚੋਣਾਂ ਦੀਆਂ ਤਰੀਕਾਂ ਦੇ ਐਲਾਨ ਤੋਂ ਬਾਅਦ ਹੀ ਜਾਰੀ ਕੀਤਾ ਜਾਵੇਗਾ । ਇਹ ਟੂਰਨਾਮੈਂਟ, ਬੰਗਲੂਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿੱਚ, ਰਾਇਲ ਚੈਲੇਂਜਰਜ਼ BENGALURU ਅਤੇ ਸਨਰਾਈਜ਼ਰਜ਼ ਹੈਦਰਾਬਾਦ ਦਰਮਿਆਨ ਮੈਚ ਨਾਲ ਸ਼ੁਰੂ ਹੋਵੇਗਾ ।

---------------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਖੇਤੀਬਾੜੀ ,ਖਾਸ ਕਰਕੇ ਖੇਤੀਬਾੜੀ-ਭੋਜਨ ਪ੍ਰਣਾਲੀਆਂ ਵਿੱਚ ਔਰਤਾਂ ਦੀ ਅਗਵਾਈ ਨੂੰ ਉਤਸ਼ਾਹਿਤ ਕਰਨਾ ਮਹੱਤਵਪੂਰਨ ਏ ।

- ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ, ਦੇਸ਼ ਭਰ ਵਿੱਚ ਨਿਰਵਿਘਨ ਈਂਧਣ ਸਪਲਾਈ ਬਰਕਰਾਰ ਰਹਿਣ ਦਾ ਭਰੋਸਾ ਦਿੱਤਾ - ਲੋਕਾਂ ਨੂੰ ਅਫਵਾਹਾਂ ਵੱਲ ਧਿਆਨ ਨਾ ਦੇਣ ਦੀ ਕੀਤੀ ਅਪੀਲ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਵੱਖ-ਵੱਖ ਵਿਭਾਗਾਂ ਵਿੱਚ ਭਰਤੀ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ।
- ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਫਿਰੋਜ਼ਪੁਰ ਤੀਹਰੇ ਕਤਲ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਮਾਮਲਿਆਂ ਵਿੱਚ ਮੁੱਖ ਮੁਲਜ਼ਮ ਭਗੌੜੇ ਭੁਵਨੇਸ਼ ਚੋਪੜਾ ਨੂੰ ਕੀਤਾ ਗ੍ਰਿਫ਼ਤਾਰ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ**

**ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**